# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 18:20

**ਮਿਤੀ :19-06-2026**

## ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ |

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ, PM-ਵਿਕਸਿਤ ਭਾਰਤ ਰੋਜ਼ਗਾਰ ਯੋਜਨਾ ਤਹਿਤ 2,400 ਕਰੋੜ ਰੁਪਏ ਦੀ ਰਾਸ਼ੀ ਵੰਡੀ -ਪੰਜਾਬ ਵਿੱਚ, ਇਹ ਪ੍ਰੋਗਰਾਮ 6 ਥਾਵਾਂ 'ਤੇ ਕਰਾਇਆ ਗਿਆ।

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਤਲੁਜ ਪੱਟੀ ਨੂੰ ਹੜ੍ਹਾਂ ਤੋਂ ਬਚਾਉਣ ਅਤੇ ਸ਼ਾਹਕੋਟ-ਲੋਹੀਆਂ ਖੇਤਰ ਵਿੱਚ ਆਵਾਜਾਈ ਨੂੰ ਸੁਖਾਲਾ ਬਣਾਉਣ ਲਈ, ਧੁੱਸੀ ਬੰਨ੍ਹ ਲਿੰਕ ਸੜਕ ਦਾ ਨੀਂਹ ਪੱਥਰ ਰੱਖਿਆ।

- ਪੰਜਾਬ ਸਰਕਾਰ ਵਲੋਂ ਬਕਾਏ ਵਸੂਲਣ ਲਈ ਵੈਟ ਅਤੇ ਜੀ.ਐਸ.ਟੀ ਡਿਫਾਲਟਰਾਂ ਦੀਆਂ ਜਾਇਦਾਦਾਂ ਦੀ ਨਿਲਾਮੀ ਦੀ ਸ਼ੁਰੂਆਤ -ਮੋਹਾਲੀ ਅਤੇ ਜਲੰਧਰ ਵਿੱਚ ਨਿਲਾਮੀ ਰਾਹੀਂ ਵੱਡਾ ਮਾਲੀਆ ਵਸੂਲਿਆ।

- ਮਹਿਲਾ ਅਤੇ ਬਾਲ ਵਿਕਾਸ ਮੰਤਰੀ ਬਲਜੀਤ ਕੌਰ ਨੇ ਕਿਹਾ -ਸੂਬਾ ਸਰਕਾਰ ਨੇ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ 5 ਬੰਗਲਾਦੇਸ਼ੀ ਬੱਚਿਆਂ ਨੂੰ ਵਤਨ ਭੇਜਿਆ।

- ਭਾਰਤੀ ਫੌਜ ਦੀ ਸਿੱਖ ਰੈਜੀਮੈਂਟ ਨੇ, ਅਗਨੀਵੀਰਾਂ ਨੂੰ ਸਿੱਖਿਆ ਅਤੇ ਹੁਨਰ ਵਿਕਾਸ ਰਾਹੀਂ ਸਮਰੱਥ ਬਣਾਉਣ ਲਈ, ਅੰਮ੍ਰਿਤਸਰ ਸਥਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਨਾਲ ਸਮਝੌਤੇ 'ਤੇ ਦਸਤਖ਼ਤ ਕੀਤੇ।

- ਪੰਜਾਬ ਪੁਲਿਸ ਵਲੋਂ ਸੂਬੇ ਵਿੱਚ ਰੇਲਵੇ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਉਣ ਵਿੱਚ ਸ਼ਾਮਲ ਪਾਬੰਦੀਸ਼ੁਦਾ ਖਾਲਿਸਤਾਨ ਜ਼ਿੰਦਾਬਾਦ ਫੋਰਸ ਦੇ ਦੋ ਕਾਰਕੁੰਨ, ਮਲੇਸ਼ੀਆ ਤੋਂ ਡਿਪੋਰਟ ਕਰਵਾਕੇ ਗ੍ਰਿਫਤਾਰ - BSF ਨੇ ਅੰਮ੍ਰਿਤਸਰ ਸਰਹੱਦ ਤੋਂ ਇੱਕ ਮੁਲਜ਼ਮ ਨੂੰ ਇਕ AK-47 ਰਾਈਫਲ ਤੇ ਅਸਲੇ ਸਮੇਤ ਕਾਬੂ ਕੀਤਾ ।

## ਹੁਣ ਖ਼ਬਰਾਂ ਵਿਸਥਾਰ ਨਾਲ

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ 'ਚ ਵਿਗਿਆਨ ਭਵਨ, ਵਿਖੇ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਪ੍ਰਧਾਨ ਮੰਤਰੀ ਵਿਕਸਿਤ ਭਾਰਤ ਰੁਜ਼ਗਾਰ ਯੋਜਨਾ (PM-VBRY) ਅਧੀਨ ਸਿਧੇ ਲਾਭ ਤਬਾਦਲੇ ਰਾਹੀਂ ਕਰੀਬ 2 ਹਜ਼ਾਰ 400 ਕਰੋੜ ਰੁਪਏ ਦੀ ਰਾਸ਼ੀ ਵੰਡੀ । ਇਹ ਪ੍ਰੋਗਰਾਮ ਦੇਸ਼ ਭਰ 'ਚ 200 ਥਾਵਾਂ 'ਤੇ ਸਿੱਧਾ ਪ੍ਰਸਾਰਿਤ ਕੀਤਾ ਜਾ ਰਿਹਾ ਏ, ਜਿੱਥੇ ਰਾਸ਼ੀ ਦੀ ਵੰਡ ਵੀ ਕੀਤੀ ਜਾ ਰਹੀ ਏ । ਪੰਜਾਬ ਵਿੱਚ, ਇਹ ਪ੍ਰੋਗਰਾਮ ਪਟਿਆਲਾ, ਸੰਗਰੂਰ, ਲੁਧਿਆਣਾ, EPFO ਜਲੰਧਰ, ਅੰਮ੍ਰਿਤਸਰ ਅਤੇ ਬਟਾਲਾ ਈ.ਪੀ.ਐਫ.ਓ ਦਫ਼ਤਰਾਂ ਸਮੇਤ 6 ਥਾਵਾਂ 'ਤੇ ਕਰਾਇਆ ਜਾ ਰਿਹਾ ਏ। ਇਸ ਮੌਕੇ ਦੋ ਵੱਖ-ਵੱਖ ਸ਼੍ਰੇਣੀਆਂ ਅਧੀਨ 16 ਹਜ਼ਾਰ 417 ਮੁਲਾਜ਼ਮਾਂ ਅਤੇ 1 ਹਜ਼ਾਰ 256 ਮਾਲਕਾਂ ਵਿੱਚ, ਕਰੀਬ

9 ਕਰੋੜ ਰੁਪਏ ਤੋਂ ਵੱਧ ਦੀ ਰਕਮ ਵੰਡੀ ਗਈ ਏ। ਇਹ ਵੰਡ EPRO ਚੰਡੀਗੜ੍ਹ ਈ.ਪੀ.ਐਫ.ਓ ਦਫ਼ਤਰ ਵਿਖੇ ਵੀ ਕੀਤੀ ਗਈ ਏ। ਇਹ ਵੰਡ ਇਸ ਯੋਜਨਾ ਨੂੰ ਲਾਗੂ ਕਰਨ ਵਿੱਚ ਮੀਲ ਪੱਥਰ ਏ ਜੋ ਕਿ ਭਾਰਤ ਸਰਕਾਰ ਦੀ ਰੁਜ਼ਗਾਰ ਨੂੰ ਉਤਸ਼ਾਹ ਦੇਣ ਸੰਬੰਧੀ ਪ੍ਰਮੁੱਖ ਯੋਜਨਾ ਏ, ਜਿਸਦਾ ਉਦੇਸ਼ ਨੌਕਰੀਆਂ ਦੀ ਸਿਰਜਣਾ ਨੂੰ ਤੇਜ਼ ਕਰਨਾ,ਬਕਾਇਦਾ ਰੁਜ਼ਗਾਰ ਨੂੰ ਉਤਸ਼ਾਹਿਤ ਕਰਨਾ, ਰੁਜ਼ਗਾਰ-ਯੋਗਤਾ ਨੂੰ ਵਧਾਉਣਾ ਅਤੇ ਵੱਖ-ਵੱਖ ਖੇਤਰਾਂ ਵਿੱਚ ਸਮਾਜਿਕ ਸੁਰੱਖਿਆ ਕਵਰੇਜ ਦਾ ਪਸਾਰ ਕਰਨਾ ਏ. ਇਸ ਯੋਜਨਾ ਨੇ ਪਹਿਲਾਂ ਹੀ ਦੇਸ਼ ਭਰ ਵਿੱਚ 15 ਲੱਖ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਵਿੱਚ ਮਦਦ ਕੀਤੀ ਏ |

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਤਲੁਜ ਦਰਿਆ ਦੇ ਨੇੜਲੇ ਇਲਾਕਿਆਂ ਨੂੰ ਹੜ੍ਹਾਂ ਦੀ ਮਾਰ ਤੋਂ ਬਚਾਉਣ ਅਤੇ ਹੜ੍ਹ ਪ੍ਰਭਾਵਿਤ ਖੇਤਰ ਵਿੱਚ ਆਵਾਜਾਈ ਨੂੰ ਮਜ਼ਬੂਤ ਕਰਨ ਦੇ ਮੰਤਵ ਨਾਲ ਅੱਜ ਸ਼ਾਹਕੋਟ ਹਲਕੇ ਵਿੱਚ 61 ਕਰੋੜ 82 ਲੱਖ ਰੁਪਏ ਦੀ ਲਾਗਤ ਨਾਲ ਸ਼ਾਹਕੋਟ-ਮੋਗਾ-ਰਾਮਪੁਰ ਰੋਡ ਤੋਂ ਗਿੱਦੜਪਿੰਡੀ ਧੁੱਸੀ ਬੰਨ੍ਹ ਤੱਕ ਲਿੰਕ ਰੋਡ ਦਾ ਨੀਂਹ ਪੱਥਰ ਰੱਖਿਆ। 37.93 ਕਿਲੋਮੀਟਰ ਲੰਬੇ ਇਸ ਪ੍ਰਾਜੈਕਟ ਦਾ ਉਦੇਸ਼ ਹੜ੍ਹ ਸੁਰੱਖਿਆ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ, ਸੰਪਰਕ ਵਿੱਚ ਸੁਧਾਰ ਕਰਨਾ ਅਤੇ ਸ਼ਾਹਕੋਟ-ਲੋਹੀਆਂ ਖੇਤਰ ਵਿੱਚ ਆਰਥਿਕ ਵਿਕਾਸ ਨੂੰ ਉਤਸ਼ਾਹ ਦੇਣਾ ਏ। ਇਕੱਠ ਨੂੰ ਸੰਬੋਧਨ

ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸਤਲੁਜ ਦਰਿਆ ਦੇ ਨਾਲ ਬਣਨ ਵਾਲੀ ਇਸ ਮਹੱਤਵਪੂਰਨ ਸੜਕ ਦੀ ਕੁੱਲ ਲੰਬਾਈ 37.93 ਕਿਲੋਮੀਟਰ ਹੋਵੇਗੀ|

BYTE

----------------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸੂਬਾ ਸਰਕਾਰ ਨੇ ਲੰਬੇ ਸਮੇਂ ਤੋਂ ਵੈਟ ਅਤੇ ਜੀ.ਐਸ.ਟੀ ਦੀ ਚੋਰੀ ਕਰਨ ਵਾਲਿਆਂ ਦੀਆਂ ਜਾਇਦਾਦਾਂ ਦੀ ਅਧਿਕਾਰਤ ਤੌਰ 'ਤੇ ਜਨਤਕ ਨਿਲਾਮੀ ਸ਼ੁਰੂ ਕਰਕੇ ਟੈਕਸ ਡਿਫਾਲਟਰਾਂ ਖਿਲਾਫ ਆਪਣੀ ਵਸੂਲੀ ਮੁਹਿੰਮ ਨੂੰ ਕਾਫ਼ੀ ਤੇਜ਼ ਕਰ ਦਿੱਤਾ ਏ। ਉਨ੍ਹਾਂ ਕਿਹਾ ਕਿ ਸੂਬੇ ਦੇ ਲੰਬੇ ਸਮੇਂ ਤੋਂ ਬਕਾਇਆ ਮਾਲੀਏ ਨੂੰ ਵਾਪਸ ਲੈਣ ਲਈ ਇੱਕ ਅਹਿਮ ਕਦਮ ਚੁੱਕਦੇ ਹੋਏ ਆਬਕਾਰੀ ਤੇ ਕਰ ਵਿਭਾਗ ਨੇ ਜਾਇਦਾਦਾਂ ਦੀਆਂ ਤਿੰਨ ਵੱਡੀਆਂ ਨਿਲਾਮੀਆਂ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਿਆ ਏ । ਇਸ ਤਹਿਤ ਉਨ੍ਹਾਂ ਕਾਰੋਬਾਰਾਂ ਅਤੇ ਵਿਅਕਤੀਆਂ ਤੋਂ ਰਕਮ ਵਸੂਲ ਕੀਤੀ ਗਈ ਏ ਜੋ ਵਾਰ-ਵਾਰ ਮੌਕੇ ਅਤੇ ਅਧਿਕਾਰਤ ਕਾਨੂੰਨੀ ਨੋਟਿਸ ਦਿੱਤੇ ਜਾਣ ਦੇ ਬਾਵਜੂਦ ਜਾਣਬੁੱਝ ਕੇ ਆਪਣੀਆਂ ਟੈਕਸ ਦੇਣਦਾਰੀਆਂ ਦੀ ਅਦਾਇਗੀ ਕਰਨ ਵਿੱਚ ਅਸਫਲ ਰਹੇ ।

ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਪਹਿਲੀ ਵੱਡੀ ਜਾਇਦਾਦ ਦੀ ਨਿਲਾਮੀ ਮੋਹਾਲੀ ਵਿੱਚ ਡਿਫਾਲਟਰ ਫਰਮ ਮੈਸਰਜ਼ ਸੁਮਿਤ

ਇੰਜੀਨੀਅਰਿੰਗ ਖਿਲਾਫ ਕੀਤੀ ਗਈ, ਜਿੱਥੇ 19 ਜੂਨ ਨੂੰ ਜਾਇਦਾਦ 13 ਕਰੋੜ 22 ਲਖ ਰੁਪਏ ਵਿੱਚ ਵੇਚੀ ਗਈ। ਉਨ੍ਹਾਂ ਦੱਸਿਆ ਕਿ ਜਲੰਧਰ ਵਿਖੇ ਮੈਸਰਜ਼ ਐਮ.ਆਰ ਰਾਈਸ ਮਿੱਲਜ਼  ਦੀ ਜਾਇਦਾਦ ਦੀ ਕੀਤੀ ਗਈ, ਜਿਸ ਤੋਂ ਕੁੱਲ 1 ਕਰੋੜ 11 ਲੱਖ ਰੁਪਏ ਪ੍ਰਾਪਤ ਹੋਏ। ਵਿੱਤ ਮੰਤਰੀ ਚੀਮਾ ਮੁਤਾਬਿਕ ਮੋਹਾਲੀ ਅਤੇ ਜਲੰਧਰ ਵਿੱਚ ਕੀਤੀਆਂ ਗਈਆਂ ਸ਼ੁਰੂਆਤੀ ਸਫਲ ਨਿਲਾਮੀਆਂ ਬਿਨਾਂ ਕਿਸੇ ਡਰ ਜਾਂ ਪੱਖਪਾਤ ਦੇ ਟੈਕਸ ਨਿਯਮਾਂ ਦੀ ਪਾਲਣਾ ਨੂੰ ਲਾਗੂ ਕਰਨ ਦੇ ਸੂਬੇ ਦੇ ਪੱਕੇ ਇਰਾਦੇ ਨੂੰ ਸਪੱਸ਼ਟ ਰੂਪ ਵਿੱਚ ਦਰਸਾਉਂਦੀਆਂ ਨੇ।

-------------------------------------------------------

ਪੰਜਾਬ ਸਰਕਾਰ ਵੱਲੋਂ ਬੱਚਿਆਂ ਦੀ ਸੁਰੱਖਿਆ, ਦੇਖਭਾਲ ਅਤੇ ਉਨ੍ਹਾਂ ਦੇ ਹਿੱਤਾਂ ਨੂੰ ਯਕੀਨੀ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ 5 ਬੰਗਲਾਦੇਸ਼ੀ ਬੱਚਿਆਂ ਨੂੰ ਸੁਰੱਖਿਅਤ ਢੰਗ ਨਾਲ ਉਨ੍ਹਾਂ ਦੇ ਵਤਨ ਭੇਜਿਆ ਗਿਆ ਏ, ਜਿੱਥੇ ਉਹ ਆਪਣੇ ਪਰਿਵਾਰਾਂ ਨਾਲ ਮੁੜ ਮਿਲ ਸਕਣਗੇ। ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਹ ਬੱਚੇ ਸਾਲ 2023 ਦੌਰਾਨ ਸਰਹੱਦੀ ਖੇਤਰ ਵਿੱਚ ਮਿਲੇ ਸਨ, ਜਿਸ ਮਗਰੋਂ ਬਾਲ ਭਲਾਈ ਕਮੇਟੀਆਂ ਦੇ ਹੁਕਮਾਂ ਮੁਤਾਬਿਕ ਉਨ੍ਹਾਂ ਨੂੰ ਪੰਜਾਬ ਦੇ ਬਾਲ ਘਰਾਂ ਵਿੱਚ ਸੁਰੱਖਿਆ ਅਤੇ ਦੇਖਭਾਲ ਲਈ ਰੱਖਿਆ ਗਿਆ। ਇਸ ਦੌਰਾਨ ਬੱਚਿਆਂ ਦੀ ਸਿੱਖਿਆ, ਸਿਹਤ, ਕੌਂਸਲਿੰਗ ਅਤੇ ਸਮੁੱਚੇ ਵਿਕਾਸ ਨੂੰ ਯਕੀਨੀ ਬਣਾਇਆ

ਗਿਆ ਤਾਂ ਜੋ ਉਹ ਸੁਰੱਖਿਅਤ ਅਤੇ ਸਨਮਾਨਜਨਕ ਮਾਹੌਲ ਵਿੱਚ ਰਹਿ ਸਕਣ। ਕੈਬਨਿਟ ਮੰਤਰੀ ਨੇ ਕਿਹਾ ਕਿ ਬੰਗਲਾਦੇਸ਼ ਹਾਈ ਕਮਿਸ਼ਨ, ਵਿਦੇਸ਼ ਮੰਤਰਾਲਾ, ਭਾਰਤ ਸਰਕਾਰ ਅਤੇ ਹੋਰ ਸਬੰਧਤ ਏਜੰਸੀਆਂ ਦੇ ਸਹਿਯੋਗ ਨਾਲ ਬੱਚਿਆਂ ਦੀ ਪਛਾਣ ਅਤੇ ਉਨ੍ਹਾਂ ਦੇ ਪਰਿਵਾਰਾਂ ਬਾਰੇ ਲੋੜੀਂਦੀ ਪੁਸ਼ਟੀ ਕਰਨ ਉਪਰੰਤ ਸਾਰੀਆਂ ਕਾਨੂੰਨੀ ਅਤੇ ਪ੍ਰਸ਼ਾਸਨਿਕ ਪ੍ਰਕਿਰਿਆਵਾਂ ਸਫਲਤਾਪੂਰਵਕ ਪੂਰੀਆਂ ਕੀਤੀਆਂ ਗਈਆਂ। ਇਸ ਉਪਰੰਤ 5 ਬੱਚਿਆਂ ਨੂੰ ਸੁਰੱਖਿਅਤ ਢੰਗ ਨਾਲ ਬੰਗਲਾਦੇਸ਼ ਭੇਜਿਆ ਗਿਆ।

---------------------------------------------------------

ਭਾਰਤੀ ਫੌਜ ਦੀ ਸਿੱਖ ਰੈਜੀਮੈਂਟ ਨੇ ਅਗਨੀਵੀਰਾਂ ਨੂੰ ਸਿੱਖਿਆ ਅਤੇ ਹੁਨਰ ਵਿਕਾਸ ਰਾਹੀਂ ਸਮਰੱਥ ਬਣਾਉਣ ਲਈ, ਅੰਮ੍ਰਿਤਸਰ ਸਥਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਨਾਲ ਇੱਕ ਸਮਝੌਤੇ 'ਤੇ ਦਸਤਖ਼ਤ ਕੀਤੇ ਨੇ। ਇਸ ਪਹਿਲਕਦਮੀ ਦਾ ਉਦੇਸ਼, ਅਗਨੀਵੀਰਾਂ ਦੀ ਅਕਾਦਮਿਕ ਯੋਗਤਾ, ਪੇਸ਼ੇਵਰ ਯੋਗਤਾ ਅਤੇ ਲੰਬੇ ਸਮੇਂ ਦੀਆਂ ਕਰੀਅਰ ਸੰਭਾਵਨਾਵਾਂ ਨੂੰ ਵਧਾਉਣਾ ਏ ਤਾਂ ਜੋ ਉਹ ਫੌਜੀ ਅਤੇ Civilian ਦੋਵਾਂ ਖੇਤਰਾਂ ਵਿੱਚ ਲਾਹੇਵੰਦ ਹੁਨਰ ਪ੍ਰਾਪਤ ਕਰ ਸਕਣ। ਉਨ੍ਹਾਂ ਕੋਲ 6 ਮਹੀਨਿਆਂ ਅੰਦਰ ਪੂਰੇ ਹੋਣ ਵਾਲੇ Diploma ਪ੍ਰੋਗਰਾਮਾਂ ਅਤੇ 3 ਸਾਲਾਂ ਵਿੱਚ ਪੂਰੇ ਹੋਣ ਵਾਲੇ BA, BCA ਤੇ B.COM ਵਰਗੇ ਡਿਗਰੀ ਪ੍ਰੋਗਰਾਮਾਂ ਤੱਕ ਪਹੁੰਚ ਦਾ ਮੌਕਾ ਹੋਏਗਾ।

--------------------------------------------------

ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਦੇ ਸਹਿਯੋਗ ਨਾਲ ਪਾਬੰਦੀਸ਼ੁਦਾ ਖਾਲਿਸਤਾਨ ਜ਼ਿੰਦਾਬਾਦ ਫੋਰਸ ਨਾਲ ਜੁੜੇ ਦੋ ਕਾਰਕੁਨਾਂ ਨੂੰ ਮਲੇਸ਼ੀਆ ਤੋਂ ਡਿਪੋਰਟ ਕਰਵਾਉਣ ਵਿੱਚ ਸਫਲਤਾ ਹਾਸਲ ਕੀਤੀ ਏ। ਪੁਲਿਸ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਪੁਲਿਸ ਨੇ ਮੁਲਜ਼ਮਾਂ ਨੂੰ ਨਵੀਂ ਦਿੱਲੀ ਦੇ ਇੰਦਰਾ ਗਾਂਧੀ ਅੰਤਰ-ਰਾਸ਼ਟਰੀ ਹਵਾਈ ਅੱਡੇ ਤੋਂ ਗ੍ਰਿਫ਼ਤਾਰ ਕੀਤਾ ਅਤੇ ਅਗਲੇਰੀ ਜਾਂਚ ਲਈ ਉਨ੍ਹਾਂ ਨੂੰ ਪੰਜਾਬ ਲਿਆਂਦਾ ਗਿਆ ਏ। ਪੁਲਿਸ ਮੁਖੀ ਨੇ ਕਿਹਾ ਕਿ ਮੁਲਜ਼ਮਾਂ ਦੀ ਪਛਾਣ ਅੰਬਾਲਾ ਵਾਸੀ ਗੁਰਵਿੰਦਰ ਸਿੰਘ ਅਤੇ ਪਟਿਆਲਾ ਵਾਸੀ ਮਨਜੀਤ ਸਿੰਘ ਵਜੋਂ ਹੋਈ ਏ। ਇਹ ਦੋਵੇਂ ਮੁਲਜ਼ਮ ਪੰਜਾਬ ਵਿੱਚ ਸਮਰਪਿਤ ਮਾਲ ਕਾਰੀਡੋਰ ਲਾਈਨਾਂ ਸਮੇਤ ਅਹਿਮ ਰੇਲਵੇ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਉਣ ਵਿੱਚ ਸ਼ਾਮਲ ਖਾਲਿਸਤਾਨ ਜ਼ਿੰਦਾਬਾਦ ਫੋਰਸ -ਸਮਰਥਿਤ ਦਹਿਸ਼ਤਗਰਦੀ ਮਾਡਿਊਲ ਦੇ ਮਲੇਸ਼ੀਆ-ਅਧਾਰਤ ਕਾਰਕੁੰਨ ਨੇ। ਇਹ ਕਾਰਵਾਈ, 23 ਜਨਵਰੀ, ਨੂੰ ਸਰਹਿੰਦ ਰੇਲਵੇ ਲਾਈਨ ’ਤੇ ਆਈ.ਈ.ਡੀ. ਧਮਾਕੇ ਅਤੇ 27 ਅਪ੍ਰੈਲ, ਨੂੰ ਪਟਿਆਲਾ ਦੇ ਸ਼ੰਭੂ ਵਿਖੇ ਇਸੇ ਰੇਲਵੇ ਲਾਈਨ ’ਤੇ ਧਮਾਕੇ ਦੀ ਕੋਸ਼ਿਸ਼ ਕਰਨ ਵਾਲੇ ਚਾਰ ਕੱਟੜਪੰਥੀਆਂ ਨੂੰ ਗ੍ਰਿਫ਼ਤਾਰ ਕਰਕੇ, ਪੰਜਾਬ ਪੁਲਿਸ ਵੱਲੋਂ ਇਨ੍ਹਾਂ ਵਾਰਦਾਤਾਂ ਲਈ ਜ਼ਿੰਮੇਵਾਰ ਦਹਿਸ਼ਤਗਰਦੀ ਮਾਡਿਊਲ ਦਾ ਪਰਦਾਫਾਸ਼ ਕਰਨ ਤੋਂ ਬਾਅਦ ਅਮਲ ਵਿੱਚ ਲਿਆਂਦੀ ਗਈ ਏ। ਜਾਂਚ ਦੌਰਾਨ

ਪੁਲਿਸ ਟੀਮਾਂ ਨੇ ਮੁਲਜ਼ਮਾਂ  ਦੇ ਕਬਜ਼ੇ ਵਿੱਚੋਂ ਇੱਕ ਗ੍ਰੇਨੇਡ ਲਾਂਚਰ, 2 ਕਿਲੋ 296 ਗ੍ਰਾਮ  ਵਜ਼ਨ ਦਾ ਇੱਕ ਮਟੈਲਿਕ ਆਈਈਡੀ ਸਮੇਤ ਡੈਟੋਨੇਟਰ ਅਤੇ ਬੈਟਰੀ, 1.456 ਕਿਲੋਗ੍ਰਾਮ ਵਜ਼ਨ ਦੇ ਆਰਡੀਐਕਸ ਦੇ ਦੋ ਪੈਕੇਟ, ਦੋ ਹੈਂਡ ਗ੍ਰਨੇਡ, 6 ਆਧੁਨਿਕ ਪਿਸਤੌਲਾਂ ਸਮੇਤ ਮੈਗਜ਼ੀਨ ਅਤੇ ਗੋਲੀ-ਸਿੱਕਾ ਬਰਾਮਦ ਕੀਤੇ ਸਨ। ਗੌਰਵ ਯਾਦਵ ਨੇ ਕਿਹਾ ਕਿ ਅੰਤਰਰਾਸ਼ਟਰੀ ਪੱਧਰ ਦੀ ਸਾਜ਼ਿਸ਼ ਦੇ ਦੀ ਜਾਂਚ ਵਿੱਚ ਮਲੇਸ਼ੀਆ ਤੋਂ ਕੰਮ ਕਰ ਰਹੇ ਇਨਾ ਦੀ ਵਿੱਤੀ ਸਹਾਇਤਾ ਕਰਨ ਵਾਲਿਆਂ ਦੀ ਸ਼ਮੂਲੀਅਤ ਦਾ ਖੁਲਾਸਾ ਹੋਇਆ ਏ। ਉਨ੍ਹਾਂ  ਕਿਹਾ ਕਿ ਅਗਲੇਰੀ ਜਾਂਚ ਜਾਰੀ ਏ।

---------------------------------------------------------

ਸੀਮਾ ਸੁਰੱਖਿਆ ਬਲ -BSF ਨੇ ਅੱਜ ਪਾਕਿਸਤਾਨ ਨਾਲ ਲੱਗਦੀ ਅੰਮ੍ਰਿਤਸਰ ਸਰਹੱਦ ਤੋਂ ਇੱਕ ਮੁਲਜ਼ਮ  ਨੂੰ, ਇਕ AK-47 ਰਾਈਫਲ, 25 ਪਿਸਤੌਲਾਂ , 368 ਜ਼ਿੰਦਾ ਕਾਰਤੂਸ ਅਤੇ ਇੱਕ ਬੁਲੇਟਪਰੂਫ ਜੈਕੇਟ ਸਮੇਤ ਗ੍ਰਿਫ਼ਤਾਰ ਕੀਤਾ ਏ। BSF ਨੇ ਪੰਜਾਬ ਪੁਲਿਸ ਨਾਲ ਤਾਲਮੇਲ ਕਰਕੇ ਸੂਬੇ ਵਿੱਚ ਭਾਰਤ-ਪਾਕਿਸਤਾਨ ਅੰਤਰ-ਰਾਸ਼ਟਰੀ ਸਰਹੱਦ ਨੇੜੇ ਇਹ ਕਾਰਵਾਈ ਕੀਤੀ। ਬੀਐਸਐਫ ਦੇ ਸੂਤਰਾਂ ਨੇ ਆਕਾਸ਼ਵਾਣੀ ਨੂੰ ਦੱਸਿਆ ਕਿ ਇਹ ਪਹਿਲੀ ਵਾਰ ਏ ਜਦੋਂ ਬੁਲੇਟਪਰੂਫ ਜੈਕੇਟ ਬਰਾਮਦ ਕੀਤੀ ਗਈ ਏ,  ਜੋ ਵਿਰੋਧੀਆਂ ਵਲੋਂ ਮਿਥੇ ਕਿਸੇ ਹਮਲੇ ਲਈ ਡਿਜ਼ਾਈਨ ਨੂੰ ਦਰਸਾਉਂਦੀ ਏ।ਸ਼ੁਰੂਆਤੀ ਜਾਂਚ ਤੋਂ ਪਤਾ ਚੱਲਦਾ ਏ ਕਿ ਗ੍ਰਿਫ਼ਤਾਰ

ਮੁਲਜ਼ਮ ਆਸਟ੍ਰੇਲੀਆ ਸਥਿਤ ਇੱਕ ਸਹਿਯੋਗੀ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਿਹਾ ਸੀ, ਜਿਸਨੇ ਕਥਿਤ ਤੌਰ 'ਤੇ ਸੋਸ਼ਲ ਮੀਡੀਆ ਐਪਲੀਕੇਸ਼ਨਾਂ ਰਾਹੀਂ ਮੁਲਜ਼ਮਾਂ ਨਾਲ ਹਥਿਆਰ ਸੁੱਟਣ ਦੀ ਜਗ੍ਹਾ ਸਾਂਝੀ ਕੀਤੀ ਸੀ।

---------------------------------------------------

ਪੰਜਾਬ ਵਿੱਚ, ਨਾਰਕੋਟਿਕਸ ਕੰਟਰੋਲ ਬਿਊਰੋ (NCB), ਚੰਡੀਗੜ੍ਹ ਜ਼ੋਨਲ ਯੂਨਿਟ ਅਤੇ ਚੰਡੀਗੜ੍ਹ ਪੁਲਿਸ ਨੇ ਇੱਕ ਸਾਂਝੇ ਆਪ੍ਰੇਸ਼ਨ ਵਿੱਚ, ਮੋਹਾਲੀ ਦੇ ਖਰੜ ਤੋਂ ਇੱਕ ਪ੍ਰੈਕਟਿਸ ਕਰ ਰਹੇ ਵਕੀਲ ਨੂੰ ਨਸ਼ੀਲੇ ਪਦਾਰਥਾਂ ਸਮੇਤ ਗ੍ਰਿਫ਼ਤਾਰ ਕੀਤਾ ਏ। ਉਹ ,ਪਾਕਿਸਤਾਨ ਸਥਿਤ ਡਰੱਗ ਸਿੰਡੀਕੇਟ ਨਾਲ ਜੁੜੇ ਇੱਕ ਡਰੱਗ ਤਸਕਰੀ ਨੈੱਟਵਰਕ ਦਾ ਹਿੱਸਾ ਸੀ। ਅਧਿਕਾਰਤ ਸੂਤਰਾਂ ਅਨੁਸਾਰ, NCB ਦੀ ਟੀਮ ਨੇ ਉਸਦੀ ਕਾਰ ਅਤੇ ਘਰ ਤੋਂ ਮੇਥਾਮ-ਫੇਟਾ-ਮਾਈਨ (ਆਈਸ), ਹੈਰੋਇਨ ਅਤੇ ਡੋਡਾ ਚੂਰਾ ਪੋਸਤ ਬਰਾਮਦ ਕੀਤੇ ਨੇ। ਆਈਸ ਦੀ ਮਾਤਰਾ ਨਸ਼ਿਆਂ ਨੂੰ ਰੋਕਣ ਬਾਰੇ ਐਕਟ ਤਹਿਤ ਸੂਚਿਤ ਵਪਾਰਕ ਮਾਤਰਾ ਨਾਲੋਂ 16 ਗੁਣਾ ਜ਼ਿਆਦਾ ਸੀ। ਇਸ ਮਾਮਲੇ ਵਿਚ ਉਸ ਦੀ ਸਹਾਇਤਾ ਕਰਨ ਵਾਲੀ ਇਕ ਔਰਤ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਏ। ਹੁਣ ਤੱਕ ਕੀਤੀ ਗਈ ਜਾਂਚ ਤੋਂ ਖਰੜ ਵਿੱਚ ਚੱਲ ਰਹੇ ਇਸ ਡਰੱਗ ਮਾਡਿਊਲ ਦਾ ਖੁਲਾਸਾ ਹੋਣ ਦਾ ਦਾਅਵਾ ਕੀਤਾ ਗਿਆ ਏ।

---------------------------------------------------

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਅੱਜ ਸਿਰਸਾ ਦੇ ਡੇਰਾ

ਬਾਬਾ ਭੂਮਣਸ਼ਾਹ ਵਿਖੇ ਅੰਤਰ-ਰਾਸ਼ਟਰੀ ਯੋਗ ਦਿਵਸ ਮਨਾਉਣ ਲਈ ਆਯੋਜਿਤ ਯੋਗ ਕੈਂਪ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਇਸ ਮੌਕੇ ਉਨ੍ਹਾਂ ਸੰਬੋਧਨ ਕਰਦਿਆਂ ਕਿਹਾ

BYTE

ਉਨ੍ਹਾਂ ਨੇ ਡੇਰੇ ਦੇ ਉੱਤਰਾਧਿਕਾਰੀ ਬਾਬਾ ਬ੍ਰਹਮਦਾਸ ਦੀ ਮੌਜੂਦਗੀ ਵਿੱਚ ਸੈਂਕੜੇ ਲੋਕਾਂ ਨਾਲ ਯੋਗ ਕੀਤਾ। ਭਾਰਤੀ ਜਨਤਾ ਪਾਰਟੀ ਦੇ ਕਈ ਸੀਨੀਅਰ ਆਗੂ ਅਤੇ ਵਰਕਰ ਵੀ ਮੌਜੂਦ ਰਹੇ ।

--------------------------------------------------------

ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਪਾਕਿਸਤਾਨ ਸਥਿਤ ਇਤਿਹਾਸਕ ਗੁਰਦੁਆਰਿਆਂ ਅਤੇ ਗੁਰਦੁਆਰਿਆਂ ਦੇ ਦਰਸ਼ਨ ਕਰਨ ਗਏ ਸਿੱਖ ਸ਼ਰਧਾਲੂਆਂ ਦਾ ਜਥਾ ਅਟਾਰੀ-ਵਾਹਗਾ ਸਰਹੱਦ ਰਾਹੀਂ ਭਾਰਤ ਵਾਪਸ ਪਰਤਿਆ। ਇਸ ਦੌਰਾਨ, ਸ਼ਰਧਾਲੂਆਂ ਨੇ ਪਾਕਿਸਤਾਨ ਵਿੱਚ ਇਤਿਹਾਸਕ ਅਤੇ ਧਾਰਮਿਕ ਮਹੱਤਵ ਵਾਲੇ ਕਈ ਗੁਰਦੁਆਰਿਆਂ ਵਿੱਚ ਮੱਥਾ ਟੇਕਿਆ ਅਤੇ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਦੀ ਯਾਦ ਵਿੱਚ ਆਯੋਜਿਤ ਸਮਾਗਮਾਂ ਵਿੱਚ ਸ਼ਰਧਾ ਨਾਲ ਹਿੱਸਾ ਲਿਆ। ਇਸ ਦਸ ਦਿਨਾਂ ਯਾਤਰਾ ਦੌਰਾਨ, ਸ਼ਰਧਾਲੂਆਂ ਨੇ ਗੁਰਦੁਆਰਾ ਨਨਕਾਣਾ ਸਾਹਿਬ, ਗੁਰਦੁਆਰਾ ਪੰਜਾ ਸਾਹਿਬ, ਗੁਰਦੁਆਰਾ ਡੇਰਾ ਸਾਹਿਬ ਅਤੇ ਕਈ ਹੋਰ ਪਵਿੱਤਰ ਗੁਰਦੁਆਰਿਆਂ ਦੇ ਦਰਸ਼ਨ ਕੀਤੇ। ਸ਼ਰਧਾਲੂਆਂ ਨੇ ਪ੍ਰਗਟ ਕੀਤਾ ਕਿ ਇਸ ਯਾਤਰਾ ਨੇ ਉਨ੍ਹਾਂ ਨੂੰ

ਅਧਿਆਤਮਿਕ ਸ਼ਾਂਤੀ ਅਤੇ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਨਾਲ ਜੁੜਨ ਦਾ ਮੌਕਾ ਪ੍ਰਦਾਨ ਕੀਤਾ। ਵਾਪਸੀ 'ਤੇ, ਅਟਾਰੀ ਸਰਹੱਦ 'ਤੇ ਉਨ੍ਹਾਂ ਦੇ ਪਰਿਵਾਰਾਂ ਅਤੇ ਧਾਰਮਿਕ ਸੰਗਠਨਾਂ ਵਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਤੋਂ ਇਲਾਵਾ, ਸ਼ਰਧਾਲੂਆਂ ਨੂੰ ਉਨ੍ਹਾਂ ਦੀਆਂ ਮੰਜ਼ਿਲਾਂ ਤੱਕ ਪਹੁੰਚਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਹਰਿਆਣਾ, ਦਿੱਲੀ ਅਤੇ ਅੰਮ੍ਰਿਤਸਰ ਤੋਂ ਬੱਸਾਂ ਦਾ ਪ੍ਰਬੰਧ ਕੀਤਾ ਗਿਆ ਸੀ।

----------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਪਾਕਿਸਤਾਨ ਭੇਜੇ ਜਾਣ ਵਾਲੇ ਜਥੇ ਲਈ 290 ਸ਼ਰਧਾਲੂਆਂ ਨੂੰ ਵੀਜ਼ੇ ਪ੍ਰਾਪਤ ਹੋਏ ਨੇ । ਇਹ ਜਥਾ 21 ਜੂਨ ਨੂੰ ਸਵੇਰੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਤੋਂ ਪਾਕਿਸਤਾਨ ਲਈ ਰਵਾਨਾ ਹੋਵੇਗਾ। ਧਰਮ ਪ੍ਰਚਾਰ ਕਮੇਟੀ ਦੇ ਸਕੱਤਰ  ਗੁਰਿੰਦਰ ਸਿੰਘ ਮਥਰੇਵਾਲ ਨੇ ਦੱਸਿਆ ਏ ਕਿ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਸਬੰਧੀ ਗੁਰਦੁਆਰਾ ਸ੍ਰੀ ਡੇਰਾ ਸਾਹਿਬ ਲਾਹੌਰ ਵਿਖੇ ਹੋਣ ਵਾਲੇ ਸਮਾਗਮ ਵਿਚ ਸ਼ਮੂਲੀਅਤ ਕਰਨ ਦੇ ਨਾਲ ਪਾਕਿਸਤਾਨ ਸਥਿਤ ਹੋਰ ਗੁਰਧਾਮਾਂ ਦੇ ਦਰਸ਼ਨਾਂ ਲਈ 302 ਸ਼ਰਧਾਲੂਆਂ ਦੇ ਪਾਸਪੋਰਟ ਵੀਜ਼ਾ ਲਗਵਾਉਣ ਲਈ ਭੇਜੇ ਗਏ ਸਨ, ਜਿਨ੍ਹਾਂ ਵਿਚੋਂ 290 ਨੂੰ ਵੀਜ਼ੇ ਪ੍ਰਾਪਤ ਹੋਏ ਹਨ, ਜਦਕਿ ਦਿੱਲੀ ਸਥਿਤ ਪਾਕਿਸਤਾਨ ਦੂਤਘਰ ਵੱਲੋਂ 12 ਸ਼ਰਧਾਲੂਆਂ ਨੂੰ ਵੀਜ਼ਾ ਪ੍ਰਾਪਤ ਨਹੀਂ ਹੋਇਆ। ਉਨ੍ਹਾਂ ਦੱਸਿਆ ਕਿ ਇਹ ਜਥਾ ਵੱਖ-ਵੱਖ

ਗੁਰਧਾਮਾਂ ਦੇ ਦਰਸ਼ਨ ਮਗਰੋਂ 29 ਜੂਨ ਨੂੰ ਮਹਾਰਾਜਾ ਰਣਜੀਤ ਸਿੰਘ ਦੇ ਬਰਸੀ ਸਮਾਗਮਾਂ ਵਿਚ ਸ਼ਮੂਲੀਅਤ ਕਰਨ ਮਗਰੋਂ 30 ਜੂਨ ਨੂੰ ਵਾਪਸ ਭਾਰਤ ਪਰਤੇਗਾ। ਉਨ੍ਹਾਂ ਕਿਹਾ ਕਿ ਸ਼ਰਧਾਲੂ ਵੀਜ਼ਾ ਲੱਗੇ ਪਾਸਪੋਰਟ 20 ਤੇ 21 ਜੂਨ ਨੂੰ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਤੋਂ ਪ੍ਰਾਪਤ ਕਰ ਸਕਦੇ ਨੇ ।

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ, PM-ਵਿਕਸਿਤ ਭਾਰਤ ਰੋਜ਼ਗਾਰ ਯੋਜਨਾ ਤਹਿਤ 2,400 ਕਰੋੜ ਰੁਪਏ ਦੀ ਰਾਸ਼ੀ ਵੰਡੀ -ਪੰਜਾਬ ਵਿੱਚ, ਇਹ ਪ੍ਰੋਗਰਾਮ 6 ਥਾਵਾਂ 'ਤੇ ਕਰਾਇਆ ਗਿਆ ।

- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਤਲੁਜ ਪੱਟੀ ਨੂੰ ਹੜ੍ਹਾਂ ਤੋਂ ਬਚਾਉਣ ਅਤੇ ਸ਼ਾਹਕੋਟ-ਲੋਹੀਆਂ ਖੇਤਰ ਵਿੱਚ ਆਵਾਜਾਈ ਨੂੰ ਸੁਖਾਲਾ ਬਣਾਉਣ ਲਈ, ਧੁੱਸੀ ਬੰਨ੍ਹ ਲਿੰਕ ਸੜਕ ਦਾ ਨੀਂਹ ਪੱਥਰ ਰੱਖਿਆ ।

- ਪੰਜਾਬ ਸਰਕਾਰ ਵਲੋਂ ਬਕਾਏ ਵਸੂਲਣ ਲਈ ਵੈਟ ਅਤੇ ਜੀ.ਐਸ.ਟੀ ਡਿਫਾਲਟਰਾਂ ਦੀਆਂ ਜਾਇਦਾਦਾਂ ਦੀ ਨਿਲਾਮੀ ਦੀ ਸ਼ੁਰੂਆਤ -ਮੋਹਾਲੀ ਅਤੇ ਜਲੰਧਰ ਵਿੱਚ ਨਿਲਾਮੀ ਰਾਹੀਂ ਵੱਡਾ ਮਾਲੀਆ ਵਸੂਲਿਆ ।

- ਮਹਿਲਾ ਅਤੇ ਬਾਲ ਵਿਕਾਸ ਮੰਤਰੀ ਬਲਜੀਤ ਕੌਰ ਨੇ ਕਿਹਾ -ਸੂਬਾ ਸਰਕਾਰ ਨੇ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ 5 ਬੰਗਲਾਦੇਸ਼ੀ ਬੱਚਿਆਂ ਨੂੰ ਵਤਨ ਭੇਜਿਆ।
- ਭਾਰਤੀ ਫੌਜ ਦੀ ਸਿੱਖ ਰੈਜੀਮੈਂਟ ਨੇ, ਅਗਨੀਵੀਰਾਂ ਨੂੰ ਸਿੱਖਿਆ ਅਤੇ ਹੁਨਰ ਵਿਕਾਸ ਰਾਹੀਂ ਸਮਰੱਥ ਬਣਾਉਣ ਲਈ, ਅੰਮ੍ਰਿਤਸਰ ਸਥਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਨਾਲ ਸਮਝੌਤੇ 'ਤੇ ਦਸਤਖ਼ਤ ਕੀਤੇ।

- ਪੰਜਾਬ ਪੁਲਿਸ ਵਲੋਂ ਸੂਬੇ ਵਿੱਚ ਰੇਲਵੇ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਉਣ ਵਿੱਚ ਸ਼ਾਮਲ ਪਾਬੰਦੀਸ਼ੁਦਾ ਖਾਲਿਸਤਾਨ ਜ਼ਿੰਦਾਬਾਦ ਫੋਰਸ ਦੇ ਦੋ ਕਾਰਕੁੰਨ, ਮਲੇਸ਼ੀਆ ਤੋਂ ਡਿਪੋਰਟ ਕਰਵਾਕੇ ਗ੍ਰਿਫਤਾਰ - BSF ਨੇ ਅੰਮ੍ਰਿਤਸਰ ਸਰਹੱਦ ਤੋਂ ਇੱਕ ਮੁਲਜ਼ਮ ਨੂੰ ਇਕ AK-47 ਰਾਈਫਲ ਤੇ ਅਸਲੇ ਸਮੇਤ ਕਾਬੂ ਕੀਤਾ ।

---------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵਜੇ ਨਮਸਕਾਰ** !